# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 30-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਜਰਾਤ ਦੇ ਏਕਤਾ ਨਗਰ ਵਿਖੇ ਵੱਖ-ਵੱਖ ਬੁਨਿਆਦੀ ਢਾਂਚਾ ਅਤੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਤੇ ਨੀਂਹ ਪਥਰ ਰਖਿਆ.।
- ਸ਼੍ਰੀ ਮੋਦੀ ਨੇ ਭਾਰਤੀ ਨੌਜਵਾਨ ਨੂੰ ਨਵੀਆਂ ਕਾਢਾਂ ਅਤੇ ਤਕਨਾਲੋਜੀ ਦੇ ਸੰਬੰਧ'ਚ ਬਹਿਤਰੀਨ ਲੋਕਾਂ 'ਚ ਸ਼ਾਮਿਲ ਕੀਤਾ ਏ।
- ਭਾਰਤ ਅਤੇ ਚੀਨ ਦਰਮਿਆਨ ਅਸਲ ਕੰਟਰੋਲ ਰੇਖਾ 'ਤੇ ਸਾਢੇ ਚਾਰ ਸਾਲਾਂ ਦੇ ਫੌਜੀ ਅੜਿੱਕੇ ਤੋਂ ਬਾਅਦ ਪੂਰਬੀ ਲੱਦਾਖ ਦੇ ਡੇਪਸਾਂਗ ਅਤੇ ਡੇਮ-ਚੋਕ ਇਲਾਕੇ ਵਿੱਚ ਫੌਜਾਂ ਪਿਛੇ ਹਟਾਉਣ ਦਾ ਅਮਲ ਪੂਰਾ ਹੋ ਗਿਆ ਏ ।

- ਸਰਕਾਰੀ ਏਜੰਸੀਆਂ ਅਤੇ ਭਾਰਤੀ ਖ਼ੁਰਾਕ ਨਿਗਮ ਵੱਲੋਂ ਪੰਜਾਬ ਦੀਆਂ ਮੰਡੀਆਂ 'ਚੋਂ ਇਸ ਮਹੀਨੇ ਦੀ 28 ਤਰੀਕ ਤੱਕ 60.63 ਲਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਗਈ ਏ ।
- ਸਰਕਾਰ ਵਲੋਂ ਪੰਜਾਬ 'ਚ DAP ਖਾਦਾਂ ਦੀ ਉਪਲਬਧਤਾ ਯਕੀਨੀ ਬਣਾਉਣ ਅਤੇ ਕਾਲਾ ਬਾਜ਼ਾਰੀ ਨੂੰ ਰੋਕਣ ਲਈ ਸਖਤ ਕਦਮ ਚੁੱਕੇ ਜਾ ਰਹੇ ਨੇ ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਜਰਾਤ ਦੇ ਏਕਤਾ ਨਗਰ ਵਿੱਚ ਵੱਖ-ਵੱਖ ਬੁਨਿਆਦੀ ਢਾਂਚੇ ਅਤੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਬਾਅਦ ਵਿਚ, ਪ੍ਰਧਾਨ ਮੰਤਰੀ ਆਰੰਭ 6.0 ਵਿੱਚ 99ਵੇਂ ਕਾਮਨ ਫਾਊਂਡੇਸ਼ਨ ਕੋਰਸ ਦੇ ਅਫਸਰ ਸਿਖਿਆਰਥੀਆਂ ਨੂੰ ਵੀ ਸੰਬੋਧਨ ਕਰਨਗੇ। ਭਲਕੇ 31 ਅਕਤੂਬਰ ਨੂੰ ਸਵੇਰੇ ਪ੍ਰਧਾਨ ਮੰਤਰੀ ਰਾਸ਼ਟਰੀ ਏਕਤਾ ਦਿਵਸ ਸਮਾਰੋਹ ਵਿੱਚ ਹਿੱਸਾ ਲੈਣਗੇ ਤੇ Statue of Unity 'ਤੇ ਸ਼ਰਧਾ ਦੇ ਫੁੱਲ ਭੇਟ ਕਰਨਗੇ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਨਵੀਆਂ ਕਾਢਾਂ ਅਤੇ ਤਕਨਾਲੋਜੀ ਦੇ ਸੰਬੰਧ'ਚ ਭਾਰਤੀ ਨੌਜਵਾਨ ਬਹਿਤਰੀਨ ਲੋਕਾਂ 'ਚ ਆਉਂਦੇ ਨੇ. ਸ੍ਰੀ ਮੋਦੀ ਨੇ Github ਦੇ CEO ਥਾਮਸ ਡੋਹਮਕੇ ਦੀ ਇੱਕ ਸੋਸ਼ਲ ਮੀਡੀਆ ਪੋਸਟ ਸਾਂਝੀ ਕੀਤੀ, ਜਿਹਨਾਂ ਨੇ ਭਾਰਤ ਦੀ ਸ਼ਲਾਘਾ ਕੀਤੀ ਏ ਕਿ ਇਸ ਕੋਲ ਧਰਤੀ ਉੱਤੇ ਸਭ ਤੋਂ ਤੇਜ਼ੀ ਨਾਲ ਵਧ ਰਹੀ developers ਦੀ ਆਬਾਦੀ ਏ. ਓਹਨਾਂ ਨੇ ਇੱਕ ਆਲਮੀ ਤਕਨਾਲਜੀ ਮਹਾ ਸ਼ਕਤੀ ਵਜੋਂ ਦੇਸ਼ ਦੇ ਉਪਰ ਉਠਣ ਨੂੰ ਬੇਮਿਸਾਲ ਦੱਸਿਆ ਏ। ਸ੍ਰੀ ਡੋਹਮਕੇ ਨੇ ਕਿਹਾ ਏ ਕਿ , ਭਾਰਤ ਦੇ ਡਿਵੈਲਪਰਾਂ ਨੇ ਇੱਕ ਹੋਰ ਪੁਲਾਂਘ ਪੁੱਟੀ ਏ ਅਤੇ AI ਨੂੰ ਇੱਕ ਮੁੱਖ ਸਾਧਨ ਵਜੋਂ ਅਪਣਾਇਆ ਏ ਉਹ ਖੁਦ AI ਦੀ ਵਰਤੋਂ ਕਰਕੇ AI ਸਿਸਟਮ ਬਣਾ ਕੇ ਤਰੱਕੀ ਕਰ ਰਹੇ ਨੇ।

---------------------------------------------------

ਭਾਰਤ ਅਤੇ ਚੀਨ ਦਰਮਿਆਨ ਅਸਲ ਕੰਟਰੋਲ ਰੇਖਾ (LAC) 'ਤੇ ਸਾਢੇ ਚਾਰ ਸਾਲਾਂ ਦੇ ਫੌਜੀ ਅੜਿੱਕੇ ਤੋਂ ਬਾਅਦ ਪੂਰਬੀ ਲੱਦਾਖ ਦੇ ਡੇਪਸਾਂਗ ਅਤੇ ਡੇਮ-ਚੋਕ ਖੇਤਰਾਂ ਦੇ ਵਿੱਚ ਫੌਜਾਂ ਪਿਛੇ ਹਟਾਉਣ ਦਾ

ਅਮਲ ਪੂਰਾ ਹੋ ਗਿਆ ਏ. ਫੌਜ ਦੇ ਹਲਕਿਆਂ ਅਨੁਸਾਰ, ਸਥਾਨਕ ਕਮਾਂਡਰ ਪੱਧਰ 'ਤੇ ਗੱਲਬਾਤ ਜਾਰੀ ਰਹੇਗੀ, ਅਤੇ ਸਰਹੱਦੀ ਗਸ਼ਤ ਛੇਤੀ ਹੀ ਮੁੜ ਸ਼ੁਰੂ ਹੋ ਜਾਵੇਗੀ, ਜੋ ਇਸ ਇਲਾਕੇ ਵਿੱਚ ਆਮ ਸਥਿਤੀ ਨੂੰ ਬਹਾਲ ਕਰਨ ਵੱਲ ਅਹਿਮ ਕਦਮ ਏ ਸਾਡੇ ਪਤਰਕਾਰ ਨੇ ਹਲਕਿਆਂ ਦੇ ਹਵਾਲੇ ਨਾਲ ਖਬਰ ਦਿੱਤੀ ਏ ਕਿ ਇਸ ਸੰਬੰਧ ‘ਚ ਤਸਦੀਕ ਜਾਰੀ ਏ ਅਤੇ ਜ਼ਮੀਨੀ ਕਮਾਂਡਰਾਂ ਦਰਮਿਆਨ ਗਸ਼ਤ ਦੀ ਰੂਪ ਰੇਖਾ ਤੈਅ ਕੀਤੀ ਜਾਵੇਗੀ।

---------------------------------------------------------------

ਸੂਬੇ ਦੀਆਂ ਮੰਡੀਆਂ ‘ਚ ਇਸ ਮਹੀਨੇ ਦੀ 28 ਤਰੀਕ ਤੱਕ ਕੁੱਲ 65.75 LMT ਝੋਨੇ ਦੀ ਆਮਦ ਹੋਈ ਏ, ਜਿਸ ਵਿੱਚੋਂ 60.63 LMT ਦੀ ਸਰਕਾਰੀ ਏਜੰਸੀਆਂ ਅਤੇ ਭਾਰਤੀ ਖ਼ੁਰਾਕ ਨਿਗਮ (FCI) ਵੱਲੋਂ ਖ਼ਰੀਦ ਕੀਤੀ ਗਈ ਏ। 28 ਅਕਤੂਬਰ ਤੱਕ ਪੰਜਾਬ ਦੇ ਕਿਸਾਨਾਂ ਨੂੰ ਬੈਂਕ ਖ਼ਾਤਿਆਂ ਵਿੱਚ 12 ਹਜ਼ਾਰ 200 ਕਰੋੜ ਰੁਪਏ ਦੀ ਰਕਮ, ਸਿਧਿਆਂ ਜਾਰੀ ਕੀਤੀ ਗਈ ਏ ਸਾਉਣੀ ਦੀ ਮੰਡੀਕਰਨ ਰੁਤ 2024-25 ਵਿੱਚ ਝੋਨੇ ਦੀ ਖ਼ਰੀਦ ਪਹਿਲੀ ਅਕਤੂਬਰ ਤੋਂ ਸ਼ੁਰੂ ਹੋਈ ਅਤੇ ਝੋਨੇ

ਦੀ ਨਿਰਵਿਘਨ ਖ਼ਰੀਦ ਲਈ ਪੰਜਾਬ ਭਰ ਵਿੱਚ 1 ਹਜ਼ਾਰ ਆਰਜ਼ੀ ਯਾਰਡਾਂ ਸਮੇਤ 2 ਹਜ਼ਾਰ 927 ਨਿਰਧਾਰਤ ਮੰਡੀਆਂ ਖੋਲ੍ਹੀਆਂ ਗਈਆਂ ਨੇ. ਕੇਂਦਰ ਨੇ ਇਸ ਸਾਉਣੀ ਮੰਡੀਕਰਨ ਰੁਤ 2024-25 ਲਈ 185 LMT ਦਾ ਅਨੁਮਾਨਿਤ ਟੀਚਾ ਮਿਥਿਆ ਏ। ਇਸ ਰੁਤ ਲਈ ਗ੍ਰੇਡ 'ਏ' ਝੋਨੇ ਲਈ ਕੇਂਦਰ ਵੱਲੋਂ ਤੈਅ ਕੀਤੇ ਗਏ ਘੱਟੋ-ਘੱਟ ਸਮਰਥਨ ਮੁੱਲ 2 ਹਜ਼ਾਰ 320 ਰੁਪਏ 'ਤੇ ਝੋਨੇ ਦੀ ਖ਼ਰੀਦ ਕੀਤੀ ਜਾ ਰਹੀ ਏ ਅਤੇ ਹੁਣ ਤੱਕ ਝੋਨੇ ਦੀ ਕੁੱਲ ਖ਼ਰੀਦ 14 ਹਜ਼ਾਰ 66 ਕਰੋੜ ਰੁਪਏ ਦੀ ਹੋਈ ਏ ਅਤੇ 3 ਲਖ 51 ਹਜ਼ਾਰ 906 ਕਿਸਾਨਾਂ ਨੂੰ ਇਸ ਦਾ ਲਾਭ ਹੋਇਆ ਏ। ਇਸ ਤੋਂ ਇਲਾਵਾ 4 ਹਜ਼ਾਰ 145 ਮਿੱਲ ਮਾਲਕਾਂ ਨੇ ਝੋਨੇ ਦੀ ਵਿਕਰੀ ਲਈ ਅਰਜ਼ੀਆਂ ਦਿੱਤੀਆਂ ਨੇ ਅਤੇ ਉਹ ਮੰਡੀਆਂ ਵਿੱਚੋਂ ਝੋਨਾ ਚੁੱਕ ਰਹੇ ਨੇ. ਇਸ ਤਰ੍ਹਾਂ ਸੂਬਾ, ਨਵੰਬਰ ਦੇ ਅੰਤ ਤੱਕ 185 ਲੱਖ ਮੀਟ੍ਰਿਕ ਟਨ ਝੋਨਾ ਖ਼ਰੀਦਣ ਦਾ ਟੀਚਾ ਹਾਸਲ ਕਰਨ ਵੱਲ ਵਧ ਰਿਹਾ ਏ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੀਵਾਲੀ ਤੋਂ ਪਹਿਲਾਂ ਦੀ ਸ਼ਾਮ ਦੇਸ਼ ਵਾਸੀਆਂ ਨੂੰ ਸ਼ੁਭਕਾਮ ਨਾਵਾਂ ਦਿੱਤੀਆਂ ਨੇ। ਇੱਕ ਸੰਦੇਸ਼ ਵਿੱਚ,

ਰਾਸ਼ਟਰਪਤੀ ਨੇ ਕਿਹਾ ਏ ਕਿ , "ਦੀਵਾਲੀ ਦੇ ਸ਼ੁਭ ਮੌਕੇ 'ਤੇ, ਓਹ ਭਾਰਤ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਸਾਰੇ ਭਾਰਤੀਆਂ ਨੂੰ ਆਪਣੀਆਂ ਨਿੱਘੀਆਂ ਸ਼ੁਭਕਾਮਨਾਵਾਂ ਦਿੰਦੇ ਨੇ। ਓਹਨਾਂ ਕਿਹਾ ਕਿ ਦੀਵਾਲੀ ਖੁਸ਼ੀ ਅਤੇ ਉਤਸ਼ਾਹ ਦਾ ਤਿਉਹਾਰ ਏ। ਇਹ ਤਿਉਹਾਰ ਅਗਿਆਨਤਾ ਉੱਤੇ ਗਿਆਨ ਅਤੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਏ। ਭਾਰਤ ਅਤੇ ਵਿਦੇਸ਼ਾਂ ਵਿੱਚ ਵੱਖ-ਵੱਖ ਭਾਈਚਾਰੇ ਇਸ ਤਿਉਹਾਰ ਨੂੰ ਬਹੁਤ ਉਤਸ਼ਾਹ ਨਾਲ ਮਨਾਉਂਦੇ ਨੇ. ਓਹਨਾਂ ਇਹ ਵੀ ਕਿਹਾ ਕਿ ਇਹ ਤਿਉਹਾਰ ਸੁਨਹਿਰੇ ਭਵਿੱਖ ਦੀ ਆਸ ਵੀ ਜਗਾਉਂਦਾ ਏ।

---------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ, ਡਾ. ਪ੍ਰੀਤੀ ਯਾਦਵ ਨੇ ਅੱਜ ਕੇਂਦਰੀ ਜੇਲ੍ਹ ਪਟਿਆਲਾ ਦਾ ਦੌਰਾ ਕੀਤਾ ਅਤੇ ਔਰਤ ਕੈਦੀਆਂ ਤੇ ਕਰੈੱਚ ’ਚ ਬੱਚਿਆਂ ਨਾਲ ਦੀਵਾਲੀ ਮਨਾਈ. ਇਸ ਮੌਕੇ ਔਰਤ ਕੈਦੀਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੰਦਿਆਂ ਓਹਨਾਂ ਕਿਹਾ ਕਿ ਉਨ੍ਹਾਂ ਨੂੰ ਉਮੀਦ ਏ ਕਿ ਇਹ ਔਰਤਾਂ, ਜੇਲ੍ਹ ਵਿਚ ਆਪਣਾ ਸਮਾਂ ਕੱਟਣ ਤੋਂ ਬਾਅਦ ਸਮਾਜ ਵਿੱਚ ਇੱਕ ਆਮ ਨਾਗਰਿਕ ਵਾਲਾ ਜੀਵਨ ਜਿਉਣਗੀਆਂ। ਉਨ੍ਹਾਂ ਕਿਹਾ

ਕਿ ਜੀਵਨ ਵਿੱਚ ਨਾ ਚਾਹੁੰਦੇ ਹੋਏ ਵੀ ਹੋਈਆਂ ਗ਼ਲਤੀਆਂ ਕਰਕੇ ਉਹ ਜੇਲ੍ਹ ਵਿੱਚ ਨੇ ਪਰ ਹੁਣ ਉਹ ਅਹਿਦ ਲੈਣ ਕਿ ਪੁਰਾਣੀਆਂ ਗ਼ਲਤੀਆਂ ਸੁਧਾਰ ਕੇ ਓਹ ਆਪਣਾ ਅਗਲਾ ਜੀਵਨ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਹੋ ਕੇ ਜਿਉਣਗੀਆਂ। ਡਿਪਟੀ ਕਮਿਸ਼ਨਰ ਨੇ ਮਿਠਾਈ ਅਤੇ ਫਲ਼ ਵੰਡਦਿਆਂ ਕਾਮਨਾ ਕੀਤੀ ਕਿ ਜੇਲ੍ਹ ਦੇ ਕੈਦੀਆਂ ਲਈ ਵੀ ਇਹ ਦੀਵਾਲੀ ਖ਼ੁਸ਼ੀਆਂ ਦੇ ਖੇੜੇ ਲੈ ਕੇ ਆਵੇ। ਉਨ੍ਹਾਂ ਨੇ ਜੇਲ੍ਹ ਵਿਚਲੀ ਕਰੈੱਚ ਵਿੱਚ ਨਿੱਕੇ – ਨਿੱਕੇ ਬੱਚਿਆਂ ਨਾਲ ਦੀਵਾਲੀ ਦੀ ਖ਼ੁਸ਼ੀ ਸਾਂਝੀ ਕਰਦਿਆਂ ਉਨ੍ਹਾਂ ਨੂੰ ਤੋਹਫ਼ੇ ਅਤੇ ਪੜ੍ਹਨ ਲਈ ਕਿਤਾਬਾਂ ਤੇ ਸਟੇਸ਼ਨਰੀ ਆਦਿ ਵੀ ਸੌਂਪੀ। ਇਸ ਮੌਕੇ ਜੇਲ੍ਹ ਸੁਪਰਡੈਂਟ ਵਰੁਣ ਸ਼ਰਮਾ ਅਤੇ ਰੈੱਡ ਕਰਾਸ ਦੇ ਸਕੱਤਰ ਡਾ. ਪ੍ਰਿਤਪਾਲ ਸਿੰਘ ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਇਥੇ ਲਹੌਰੀ ਗੇਟ ਵਿਖੇ ਸਥਿਤ ਯਾਦਵਿੰਦਰਾ ਪੂਰਨ ਬਾਲ ਨਿਕੇਤਨ ਵਿਖੇ ਰਹਿ ਰਹੀਆਂ ਨਵ-ਜੰਨਮੀਆਂ ਬਾਲੜੀਆਂ ਅਤੇ ਬਾਲਗ ਲੜਕੀਆਂ ਨਾਲ ਦੀਵਾਲੀ ਦਾ ਤਿਉਹਾਰ ਮਨਾਇਆ। ਉਨ੍ਹਾਂ ਨੇ ਸਾਰੀਆਂ ਬਾਲੜੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ

ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਬੱਚੀਆਂ ਲਈ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

-----------------------------------------------------

ਜ਼ਿਲ੍ਹਾ ਪ੍ਰਸ਼ਾਸਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੀ ਅਗਵਾਈ ਵਿਚ ਇਕ ਅਹਿਮ ਉਪਰਾਲੇ ਤਹਿਤ ਜ਼ਿਲ੍ਹੇ ਦੇ ਅਖ਼ਬਾਰਾਂ ਵੰਡਣ ਵਾਲੇ ਹਾਕਰਾਂ ਦੀ ਮਿਹਨਤ ਨੂੰ ਸਲਾਮ ਕਰਦਿਆਂ ਕਰੀਬ 35 ਅਖ਼ਬਾਰ ਵੰਡਣ ਵਾਲਿਆਂ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ ਦੀਵਾਲੀ ਦਾ ਤੋਹਫ਼ੇ ਵਜੋਂ ਨਵੇਂ ਸਾਈਕਲ ਦੇ ਕੇ ਸਨਮਾਨ ਕੀਤਾ ਗਿਆ। ਕਲ ਆਈ.ਟੀ.ਆਈ ਗਰਾਊਂਡ, ਨਵਾਂਸ਼ਹਿਰ ਵਿਖੇ ਪਹਿਲੀ ਵਾਰ ਮਿਲੇ ਅਜਿਹੇ ਸਨਮਾਨ ਕਾਰਨ ਬਹੁਤ ਸਾਰੇ ਹਾਕਰ ਖੁਸ਼ੀ ਨਾਲ ਭਾਵੁਕ ਹੋ ਗਏ। 'ਨਵੀਂ ਉਡਾਣ - ਸੂਚਨਾ ਦੀ ਸਵਾਰੀ' ਦੇ ਮੰਤਰ ਨਾਲ ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸੰਖੇਪ ਤੇ ਪ੍ਰਭਾਵਸ਼ਾਲੀ ਸਮਾਰੋਹ ਮੌਕੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਕਿਹਾ ਕਿ ਅਖ਼ਬਾਰਾਂ ਵੰਡਣ ਵਾਲੇ ਬਿਨਾਂ ਛੁੱਟੀ ਦੇ ਤੜਕੇ ਚਾਰ ਵਜੇ ਦੇ ਕਰੀਬ ਉੱਠ ਕੇ ਆਪਣੇ ਵਿਅਕਤੀਗਤ ਸੁੱਖ ਨੂੰ

ਛੱਡ ਕੇ ਅਤਿ ਦੀ ਸਰਦੀ, ਗਰਮੀ ਤੇ ਖਰਾਬ ਮੌਸਮ ਵਿਚ ਵੀ ਘਰਾਂ-ਦਫ਼ਤਰਾਂ ਤਕ ਬਿਨਾਂ ਨਾਗਾ, ਅਖ਼ਬਾਰਾਂ ਪਹੁੰਚਾਉਣ ਦਾ ਕੰਮ ਕਰਦੇ ਨੇ. ਉਨ੍ਹਾਂ ਬਾਕੀ ਲੋਕਾਂ ਨੂੰ ਵੀ ਇਨ੍ਹਾਂ ਦੀ ਮਿਹਨਤ ਤੇ ਸਿਰੜ ਤੋਂ ਪ੍ਰੇਰਿਤ ਹੋਣ ਦਾ ਸੱਦਾ ਦਿੱਤਾ।

---------------------------------------------------------------

ਪੰਜਾਬ ਦਾ ਜੇਲ੍ਹ ਵਿਭਾਗ, ਇਸ ਦੀਵਾਲੀ ਆਪਣੇ ਕੈਦੀਆਂ ਦੀ ਖੁਸ਼ੀ ਨੂੰ ਦੁਗਣਾ ਕਰਨ ਲਈ, ਉਨ੍ਹਾਂ ਵੱਲੋਂ ਆਪਣੇ ਹੱਥਾਂ ਨਾਲ ਬਣਾਏ ਉਤਪਾਦਾਂ ਨੂੰ, ਵੱਖ-ਵੱਖ ਦੁਕਾਨਾਂ ਰਾਹੀਂ ਬਾਜ਼ਾਰਾਂ ਵਿੱਚ ਵੇਚ ਰਿਹਾ ਏ। ਜੇਲ੍ਹਾਂ ਨੂੰ ਸੁਧਾਰ ਲਿਆਉਣ ਵਾਲੇ ਕੇਂਦਰਾਂ ਵਜੋਂ ਵੀ ਜਾਣਿਆ ਜਾਂਦਾ ਏ, ਇਸ ਲਈ ਕੈਦੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਸੂਬੇ ਦਾ ਜੇਲ੍ਹ ਵਿਭਾਗ, ਉਨ੍ਹਾਂ ਨੂੰ ਵੱਖ-ਵੱਖ ਖੇਤਰਾਂ ਵਿੱਚ ਕਿੱਤਾਮੁਖੀ ਸਿਖਲਾਈ ਦੇ ਰਿਹਾ ਏ ਅਤੇ ਉਨ੍ਹਾਂ ਦੇ ਉਤਪਾਦ ਬਾਜ਼ਾਰ ਵਿੱਚ ਵੇਚ ਰਿਹਾ ਏ। ਪ੍ਰਾਪਤ ਹੋਏ ਮੁਨਾਫ਼ੇ ਦਾ ਚਾਲੀ ਫੀਸਦੀ ਸਬੰਧਤ ਕੈਦੀਆਂ ਦੇ ਖਾਤੇ ਵਿੱਚ ਜਾਂਦਾ ਏ।

ਇੱਕ ਰਿਪੋਰਟ:- ਪੰਜਾਬ ਦੀਆਂ 15 ਤੋਂ ਵੱਧ ਜੇਲ੍ਹਾਂ ਔਰਤਾਂ ਸਮੇਤ ਇਸ ਦੇ ਬਹੁਤ ਸਾਰੇ ਕੈਦੀਆਂ ਨੂੰ ਸਜਾਵਟੀ ਦੀਵੇ, ਮੋਮਬੱਤੀਆਂ, ਕਾਗਜ਼ ਦੇ ਬੈਗ ਅਤੇ ਮਠਿਆਈਆਂ ਜਿਵੇਂ ਕਿ ਬੇਸਨ ਦੇ ਲੱਡੂ ਆਦਿ ਬਣਾਉਣਾ ਸਿਖਾ ਰਹੀਆਂ ਹਨ ਅਤੇ ਜੇਲ੍ਹ ਦੇ ਆਊਟਲੇਟਾਂ, ਫਿਊਲ ਆਊਟਲੇਟਾਂ ਅਤੇ ਪ੍ਰਦਰਸ਼ਨੀਆਂ ਰਾਹੀਂ ਆਪਣੇ ਉਤਪਾਦ ਵੇਚ ਰਹੀਆਂ ਹਨ। ਮੋਹਾਲੀ ਵਿੱਚ ਹਾਲ ਹੀ ਵਿੱਚ ਸਮਾਪਤ ਹੋਏ ਸਰਸ ਮੇਲੇ ਵਿੱਚ, ਅਜਿਹੇ ਉਤਪਾਦ ਇੱਕ ਵਿਸ਼ੇਸ਼ ਸਟਾਲ ਤੇ ਰੱਖੇ ਗਏ ਸਨ ਜੋ ਗਰਮ ਕੇਕ ਵਾਂਗ ਵਿਕਦੇ ਸਨ। ਐਡਲ. ਡੀ.ਜੀ.ਪੀ., ਜੇਲ੍ਹਾਂ ਅਰੁਣਪਾਲ ਸਿੰਘ ਨੇ ਕਿਹਾ ਕਿ ਅਜਿਹੇ ਉਪਰਾਲੇ ਕੈਦੀਆਂ ਨੂੰ ਆਪਣੇ ਦਿੱਤੇ ਗਏ ਕੰਮਾਂ ਵਿੱਚ ਹੋਰ ਨਿਪੁੰਨਤਾ ਨਾਲ ਨਿਭਾਉਣ ਲਈ ਪ੍ਰੇਰਿਤ ਕਰਦੇ ਹਨ। ਇਹ ਉਹਨਾਂ ਦਾ ਮਨੋਬਲ ਵਧਾਉਂਦਾ ਹੈ ਕਿ ਉਹ ਅਤੇ ਉਹਨਾਂ ਦੇ ਉਤਪਾਦ ਸਮਾਜ ਵਿੱਚ ਸਵੀਕਾਰਯੋਗ ਹਨ। ਉਨ੍ਹਾਂ ਕਿਹਾ ਕਿ ਉਹ ਵੀ ਸਾਡੇ ਸਮਾਜ ਦਾ ਹਿੱਸਾ ਹਨ ਅਤੇ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਉਨ੍ਹਾਂ ਨੂੰ ਨਵੇਂ ਵੋਕੇਸ਼ਨਲ ਕੋਰਸ ਸਿਖਾਈਏ ਤਾਂ ਜੋ ਉਹ

***<u>ਜੇਲ੍ਹ ਦੀ ਸਜ਼ਾ ਪੂਰੀ ਕਰਨ ਤੋਂ ਬਾਅਦ ਇੱਕ ਨਵਾਂ, ਸਨਮਾਨਜਨਕ ਜੀਵਨ ਸ਼ੁਰੂ ਕਰ ਸਕਣ।</u>***

---------------------------------------------------------------

ਜਿਲਾ ਗੁਰਦਾਸਪੁਰ ਦੇ ਪਿੰਡ ਰਾਏਪੁਰ ਦੇ ਬਾਂਠਾਂ ਵਾਲੇ ਮੋੜ ਤੇ ਸਵੇਰੇ ਇੱਕ ਵੱਡਾ ਹਾਦਸਾ ਵਾਪਰਿਆ ਜਦੋਂ ਇੱਕ ਤੇਜ਼ ਰਫਤਾਰ ਗੱਡੀ ਬਸ ਸਟਾਪ ਤੇ ਖੜੀਆਂ ਤਿੰਨ ਔਰਤਾਂ ਤੇ ਬੱਚੀ ਨੂੰ ਕੁਚਲਦੀ ਹੋਈ ਥੋੜੀ ਅੱਗੇ ਜਾ ਕੇ ਇੱਕ ਦੁਕਾਨ ਵਿੱਚ ਵੱਜ ਕੇ ਪਲਟ ਗਈ। ਹਾਦਸੇ ਵਿੱਚ ਦੋ ਔਰਤਾਂ ਦੀ ਮੌਕੇ ਤੇ ਮੌਤ ਹੋ ਗਈ ਜਦਕਿ ਬੱਚੀ ਅਤੇ ਇੱਕ ਹੋਰ ਔਰਤ ਗੰਭੀਰ ਰੂਪ ਵਿੱਚ ਜਖਮੀ ਹੋ ਗਈਆਂ, ਜਿਨਾਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ । ਦੂਜੇ ਪਾਸੇ ਕਾਰ ਦਾ ਚਾਲਕ ਦੁਰਘਟਨਾ ਤੋਂ ਬਾਅਦ ਤੁਰੰਤ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਵੱਲੋਂ ਮੌਕੇ ਤੇ ਪਹੁੰਚ ਕੇ ਕਾਰਵਾਈ ਸ਼ੁਰੂ ਕੀਤੀ ਗਈ ਅਤੇ ਗੱਡੀ ਦੇ ਦਸਤਾਵੇਜ ਦੇ ਆਧਾਰ ਤੇ ਇਸ ਦੇ ਚਾਲਕ ਦੀ ਪਹਿਚਾਨ ਕੀਤੀ ਜਾ ਰਹੀ ਏ।

---------------------------------------------------------------

ਸਰਕਾਰ ਵੱਲੋਂ ਪੰਜਾਬ ਚ dap ਖਾਦਾਂ ਦੀ ਉਪਲਬਧਤਾ  ਯਕੀਨੀ ਬਣਾਉਣ ਅਤੇ ਕਾਲਾ ਬਜ਼ਾਰੀ ਨੂੰ ਰੋਕਣ ਲਈ ਸਖਤ ਕਦਮ ਚੁੱਕੇ ਜਾ ਰਹੇ ਨੇ।

---------------------------------------------------------

ਫਾਜ਼ਿਲਕਾ ਜ਼ਿਲ੍ਹੇ ਅੱਜ ਵਿੱਚ ਵੱਖ-ਵੱਖ ਬਲਾਕਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੀ ਅਗਵਾਈ ਵਿੱਚ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਵੱਲੋਂ ਖਾਦਾਂ ਦੀਆਂ ਦੁਕਾਨਾਂ ਅਤੇ ਸਹਿਕਾਰੀ ਸਭਾਵਾਂ ਦੀ ਜਾਂਚ ਕੀਤੀ ਗਈ ਤਾਂ ਜੋ ਡੀਏਪੀ ਖਾਦ ਦੀ ਕਿਸੇ ਵੀ ਪ੍ਰਕਾਰ ਦੀ ਕਾਲਾ ਬਜ਼ਾਰੀ ਨੂੰ ਸਖਤੀ ਨਾਲ ਰੋਕਿਆ ਜਾ ਸਕੇ। ਇਸ ਸਬੰਧੀ ਮੁੱਖ ਖੇਤੀਬਾੜੀ ਅਫਸਰ ਡਾ ਸੰਦੀਪ ਰਿਣਵਾ ਨੇ ਜਾਣਕਾਰੀ ਦਿੱਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਲਈ ਚਾਰ ਵੱਖ-ਵੱਖ ਟੀਮਾਂ ਗਠਿਤ ਕੀਤੀਆਂ ਗਈਆਂ ਨੇ ਜਿਸ ਵਿੱਚ ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਦੀ ਅਗਵਾਈ ਵਿੱਚ ਇਹ ਟੀਮਾਂ ਬਣਾਈਆਂ ਗਈਆਂ ਹਨ ਅਤੇ ਖੇਤੀਬਾੜੀ ਵਿਭਾਗ ਦੇ ਨੁਮਾਇੰਦੇ ਵੀ ਇਸ ਵਿੱਚ ਸ਼ਾਮਿਲ ਕੀਤੇ ਗਏ ਨੇ। ਇਹਨਾਂ ਟੀਮਾਂ ਵੱਲੋਂ ਜ਼ਿਲ੍ਹੇ ਚ ਅੱਜ ਖਾਦਾਂ ਦੀਆਂ ਦੁਕਾਨਾਂ ਤੇ ਅਚਨਚੇਤ ਚੈਕਿੰਗ ਕੀਤੀ ਗਈ । ਇਸ ਦੌਰਾਨ ਕਿਧਰੇ ਵੀ

ਕਾਲਾ ਬਜ਼ਾਰੀ ਹੋਣ ਦੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਨੇ ਸਖਤੀ ਨਾਲ ਕਿਹਾ ਕਿ ਜੇਕਰ ਕਿਸੇ ਵੀ ਦੁਕਾਨਦਾਰ ਨੇ ਕਿਸਾਨਾਂ ਨੂੰ ਡੀਏਪੀ ਖਾਦ ਦੇ ਨਾਲ ਕੋਈ ਹੋਰ ਸਮਾਨ ਲੈਣ ਲਈ ਮਜਬੂਰ ਕੀਤਾ ਤਾਂ ਅਜਿਹੇ ਦੁਕਾਨਦਾਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਓਹਨਾਂ ਇਹ ਵੀ ਕਿਹਾ ਕਿ ਜੇਕਰ ਕਿਧਰੇ ਵੀ ਕੋਈ ਇਸ ਦੀ ਵੱਧ ਕੀਮਤ ਵਸੂਲਦਾ ਏ ਤਾਂ ਇਸ ਦੀ ਤੁਰੰਤ ਖੇਤੀਬਾੜੀ ਵਿਭਾਗ ਨੂੰ ਸ਼ਿਕਾਇਤ ਕੀਤੀ ਜਾਵੇ ਅਤੇ ਅਜਿਹੇ ਲੋਕਾਂ ਖਿਲਾਫ ਵਿਭਾਗ ਵੱਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਮੁੱਖ ਖੇਤੀਬਾੜੀ ਅਫਸਰ ਨੇ ਇਸ ਮੌਕੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਵੀ ਭਰੋਸਾ ਦਿੱਤਾ ਕਿ ਜ਼ਿਲ੍ਹੇ ਵਿੱਚ ਲੋੜ ਅਨੁਸਾਰ ਲਗਾਤਾਰ ਖਾਦ ਆ ਰਹੀ ਏ ਅਤੇ ਸਰਕਾਰ ਵੱਲੋਂ ਇਸ ਸਬੰਧੀ ਲੋੜ ਅਨੁਸਾਰ ਖਾਦਾਂ ਦਾ ਪੜਾਵਾਰ ਪ੍ਰਬੰਧ ਕਰ ਲਿਆ ਜਾਵੇਗਾ ਅਤੇ ਕਿਸਾਨਾਂ ਤੱਕ ਇਸ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਨੇ ਇਹ ਵੀ ਕਿਹਾ ਕਿ ਡੀਏਪੀ ਖਾਦ ਦੀ ਥਾਂ ਤੇ ਬਦਲਵੇਂ ਤੌਰ ਤੇ ਵਰਤੀਆਂ ਜਾਣ ਵਾਲੀਆਂ ਖਾਤਾਂ ਵੀ ਜ਼ਿਲ੍ਹੇ ਵਿੱਚ ਉਪਲਬਧ ਨੇ।

----------------------------------------------------------------

ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰ  ਡਾ ਪੱਲਵੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਇਹ ਯਕੀਨੀ ਬਣਾ ਰਿਹਾ ਏ  ਕਿ ਕਣਕ ਦੀ ਬਿਜਾਈ ਲਈ ਲੋੜ ਮੁਤਾਬਕ ਡੀ.ਏ.ਪੀ. ਦੀ ਸਪਲਾਈ ਮੁਹੱਈਆ ਕਰਵਾਈ ਜਾਵੇਗੀ ਤਾਂ ਜੋ ਜ਼ਿਲ੍ਹੇ ਦੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ। ਓਹਨਾਂ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕਰੀਬ 52 ਹਜਾਰ 324 ਹੈਕਟੇਅਰ ਰਕਬੇ ਵਿੱਚ ਕਣਕ,ਆਲੂ ਆਦਿ ਦੀ ਬਿਜਾਈ ਕੀਤੀ ਜਾਂਦੀ ਏ ,ਜਿਸ ਲਈ ਕਰੀਬ ਜ਼ਿਲ੍ਹੇ ਵਿੱਚ 7 ਹਜ਼ਾਰ 195 ਮੀਟ੍ਰਿਕ ਟਨ ਡੀ.ਏ.ਪੀ. ਦੀ ਮੰਗ ਏ । ਤੇ ਹੁਣ ਤੱਕ ਜ਼ਿਲ੍ਹੇ ਵਿੱਚ 6 ਹਜ਼ਾਰ 048 ਮੀਟ੍ਰਿਕ ਟਨ ਡੀ.ਏ.ਪੀ. ਪੁੱਜ ਚੁੱਕਾ ਏ  ਜੋ ਕਿ ਕੁਲ ਮੰਗ ਦਾ ਕਰੀਬ 84 ਫੀਸਦੀ ਏ ਤੇ ਬਾਕੀ ਖਾਦ ਦੀ ਸਪਲਾਈ ਵੀ ਜਲਦ ਪੁੱਜ ਜਾਵੇਗੀ। ਉਨ੍ਹਾਂ ਕਿਹਾ ਕਿ ਕੁਲ ਮੰਗ ਦਾ 60 ਫੀਸਦੀ ਸਹਿਕਾਰੀ ਸਭਾਵਾਂ ਕੋਲ ਜਾਵੇਗਾ ਅਤੇ 40 ਫੀਸਦੀ ਪ੍ਰਾਈਵੇਟ ਡੀਲਰਾਂ ਨੂੰ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਖਾਦ ਏਜੰਸੀਆਂ ਦੇ ਮਾਲਕਾਂ / ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ

ਕਿਸਾਨਾਂ ਨੂੰ ਡੀ.ਏ.ਪੀ. ਖਾਦ ਦੇ ਨਾਲ ਕੋਈ ਹੋਰ ਵਾਧੂ ਸਮਾਨ ਜਾਂ ਦਵਾਈਆਂ ਆਦਿ ਖਰੀਦਣ ਲਈ ਮਜਬੂਰ ਨਾ ਕੀਤਾ ਜਾਵੇ। ਜੇਕਰ ਕੋਈ ਅਜਿਹਾ ਕਰਦਾ ਪਾਇਆ ਜਾਂਦਾ ਏ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਗੀ  ਜਾਵੇਗੀ।

----------------------------------------------------

ਕਾਸ਼ਤ ਲਈ ਫਾਸਫੋਰਸ ਦੀ ਜ਼ਰੂਰਤ ਹੁੰਦੀ ਏ ਜਿਸ ਦੀ ਪੂਰਤੀ ਲਈ ਕਿਸਾਨਾਂ ਵੱਲੋਂ ਬਿਜਾਈ ਸਮੇਂ ਡੀ ਏ ਪੀ ਖਾਦ ਦੀ ਵਰਤੋਂ ਕੀਤੀ ਜਾਂਦੀ ਏ। ਉਨਾਂ ਦੱਸਿਆ ਕਿ ਡੀ ਏ ਪੀ ਖਾਦ ਦੇ ਬਦਲ ਵੱਜੋਂ ਕਿਸਾਨ ਖਾਦ ਅਤੇ ਟ੍ਰਿਪਲ ਸੁਪਰ ਫਾਸਫੇਟ ਖਾਦ ,ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੈਟਿਕ ਖਾਦਾਂ ਦੀ ਵੀ ਵਰਤੋਂ ਕੀਤੀ ਜਾ ਸਕਦੀ ਏ। ਉਨ੍ਹਾਂ ਦੱਸਿਆ ਕਿ ਟ੍ਰਿਪਲ ਸਪਰ ਫਾਸਫੇਟ ਵਿੱਚ, ਡੀ ਏ ਪੀ ਵਾਂਗੂ 46 ਫੀਸਦੀ ਫਾਸਫੋਰਸ ਤੱਤ ਹੁੰਦਾ ਏ ਅਤੇ ਇਸ ਦੀ ਕੀਮਤ ਪ੍ਰਤੀ ਬੋਰੀ 1250 ਰੁਪਏ ਏ ਜਦ ਕਿ ਡੀ ਏ ਪੀ ਦੀ ਕੀਮਤ ਪ੍ਰਤੀ ਬੋਰੀ 1350/- ਰੁਪਏ ਏ। ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਬਾਜ਼ਾਰ ਵਿੱਚ ਮੌਜੂਦ ਫਾਸਫੋਰਸ ਵਾਲੀਆਂ ਹੋਰ  ਖਾਦਾਂ ਵੀ ਵਰਤੀਆਂ ਜਾ ਸਕਦੀਆਂ ਨੇ।

-------------------------------------------------

## ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਜਰਾਤ ਦੇ ਏਕਤਾ ਨਗਰ ਵਿਖੇ ਵੱਖ-ਵੱਖ ਬੁਨਿਆਦੀ ਢਾਂਚਾ ਅਤੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਤੇ ਨੀਂਹ ਪਥਰ ਰਖਿਆ.।
- ਸ਼੍ਰੀ ਮੋਦੀ ਨੇ ਭਾਰਤੀ ਨੌਜਵਾਨ ਨੂੰ ਨਵੀਆਂ ਕਾਢਾਂ ਅਤੇ ਤਕਨਾਲੋਜੀ ਦੇ ਸੰਬੰਧ'ਚ ਬਹਿਤਰੀਨ ਲੋਕਾਂ 'ਚ ਸ਼ਾਮਿਲ ਕੀਤਾ ਏ।
- ਭਾਰਤ ਅਤੇ ਚੀਨ ਦਰਮਿਆਨ ਅਸਲ ਕੰਟਰੋਲ ਰੇਖਾ 'ਤੇ ਸਾਢੇ ਚਾਰ ਸਾਲਾਂ ਦੇ ਫੌਜੀ ਅੜਿੱਕੇ ਤੋਂ ਬਾਅਦ ਪੂਰਬੀ ਲੱਦਾਖ ਦੇ ਡੇਪਸਾਂਗ ਅਤੇ ਡੇਮ-ਚੋਕ ਇਲਾਕੇ ਵਿੱਚ ਫੌਜਾਂ ਪਿਛੇ ਹਟਾਉਣ ਦਾ ਅਮਲ ਪੂਰਾ ਹੋ ਗਿਆ ਏ ।
- ਸਰਕਾਰੀ ਏਜੰਸੀਆਂ ਅਤੇ ਭਾਰਤੀ ਖ਼ੁਰਾਕ ਨਿਗਮ ਵੱਲੋਂ ਪੰਜਾਬ ਦੀਆਂ ਮੰਡੀਆਂ 'ਚੋਂ ਇਸ ਮਹੀਨੇ ਦੀ 28 ਤਰੀਕ ਤੱਕ 60.63 ਲਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਗਈ ਏ ।

- ਸਰਕਾਰ ਵਲੋਂ ਪੰਜਾਬ ‘ਚ DAP ਖਾਦਾਂ ਦੀ ਉਪਲਬਧਤਾ ਯਕੀਨੀ ਬਣਾਉਣ ਅਤੇ ਕਾਲਾ ਬਾਜ਼ਾਰੀ ਨੂੰ ਰੋਕਣ ਲਈ ਸਖਤ ਕਦਮ ਚੁੱਕੇ ਜਾ ਰਹੇ ਨੇ।